# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 21-07-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>

- ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕੀਤੀ ਗਈ ।
- ਪ੍ਰੋਫੈਸਰ ਅਸੀਮ ਕੁਮਾਰ ਘੋਸ਼ ਨੇ ਅੱਜ ਹਰਿਆਣਾ ਦੇ 19ਵੇਂ ਰਾਜਪਾਲ ਵਜੋਂ ਸਹੁੰ ਚੁੱਕੀ।
- ਕੈਬਨਿਟ ਮੰਤਰੀ ਮੋਹਿੰਦਰ ਭਗਤ ਵੱਲੋਂ ਜਲੰਧਰ ਦੇ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਵਿਖੇ ਡੇ ਕੇਅਰ ਕੈਂਸਰ ਕੀਮੋਥੈਰੇਪੀ ਸੈਂਟਰ ਦੀ ਸ਼ੁਰੂਆਤ ।
- ਪੰਜਾਬ ਨੂੰ ਭੀਖ ਮੁਕਤ ਬਣਾਉਣ ਲਈ ਪ੍ਰਾਜੈਕਟ ਜੀਵਨਜੋਤ ਤਹਿਤ ਵੱਖ-ਵੱਖ ਜ਼ਿਲਿਆਂ ਵਿਚ ਬੱਚਿਆਂ ਨੂੰ ਬਾਲ ਭਿੱਖਿਆ ਤੋਂ ਮੁਕਤ ਕਰਾਉਣ ਦਾ ਸਿਲਸਿਲਾ ਜਾਰੀ ।

- ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਕਾਲਾ-ਬਜਾਰੀ ਨੂੰ ਰੋਕਣ ਲਈ ਖੇਤੀਬਾੜੀ ਸੰਯੁਕਤ ਡਾਇਰੈਕਟਰ ਡਾ. ਗੁਰਜੀਤ ਸਿੰਘ ਬਰਾੜ ਵੱਲੋ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਚ ਖਾਦ ਵਿਕਰੇਤਾਵਾਂ ਦੀ ਅਚਨਚੇਤ ਚੈਕਿੰਗ।
- ਮੌਸਮ ਵਿਭਾਗ ਵਲੋਂ ਅਗਲੇ ਦੋ ਤੋਂ ਤਿੰਨ ਦਿਨਾਂ ਵਿੱਚ, ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ- ਜਲੰਧਰ ਸਮੇਤ ਕੁਝ ਜ਼ਿਲਿਆਂ 'ਚ ਹਲਕੀ ਵਰਖਾ ਹੋਈ ।

---------------------------------------------------

ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਏ। ਵਿਰੋਧੀ ਪਾਰਟੀਆਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਹੰਗਾਮੇ ਤੋਂ ਬਾਅਦ ਲੋਕ ਸਭਾ ਦੀ ਕਾਰਵਾਈ, ਮੁਲਤਵੀ ਕਰ ਦਿੱਤੀ ਗਈ। ਵਿਰੋਧੀ ਧਿਰ ਦੇ ਮੈਂਬਰ, ਪਹਿਲਗਾਮ ਦਹਿਸ਼ਤਗਰਦ ਹਮਲੇ ਅਤੇ ਆਪ੍ਰੇਸ਼ਨ ਸਿੰਦੂਰ 'ਤੇ ਤੁਰੰਤ ਚਰਚਾ ਦੀ ਮੰਗ ਕਰ ਰਹੇ ਸਨ। ਜਿਵੇਂ ਹੀ ਸ਼ਾਮ 4 ਵਜੇ ਸਦਨ ਦੀ ਕਾਰਵਾਈ, ਤੀਜੀ ਵਾਰ ਮੁਲਤਵੀ ਹੋਣ ਤੋਂ

ਬਾਅਦ ਮੁੜ ਸ਼ੁਰੂ ਹੋਈ ਤਾਂ ਕਾਂਗਰਸ, ਡੀ.ਐਮ.ਕੇ, ਸਮਾਜਵਾਦੀ ਪਾਰਟੀ ਅਤੇ ਹੋਰਾਂ ਸਮੇਤ ਵਿਰੋਧੀ ਧਿਰ ਨੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ । ਸਭਾਪਤੀ ਨੇ ਪ੍ਰਦਰਸ਼ਨਕਾਰੀ ਮੈਂਬਰਾਂ ਨੂੰ ਸਦਨ ਨੂੰ ਠੀਕ ਤਰ੍ਹਾਂ ਕੰਮ ਕਰਨ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਚਰਚਾ ਲਈ ਤਿਆਰ ਏ ਅਤੇ ਸੂਚੀਬੱਧ ਕਾਨੂੰਨਾਂ 'ਤੇ ਚਰਚਾ ਕੀਤੀ ਜਾਣੀ ਚਾਹੀਦੀ ਏ। ਜਿਵੇਂ ਹੀ ਰੌਲਾ-ਰੱਪਾ ਵਧਿਆ, ਸਭਾਪਤੀ ਨੇ ਸਦਨ ਨੂੰ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤਾ। ਇਸ ਤੋਂ ਪਹਿਲਾਂ, ਸਦਨ ਨੂੰ ਤਿੰਨ ਵਾਰ ਮੁਲਤਵੀ ਕੀਤਾ ਗਿਆ। ਜਦੋਂ ਬਾਅਦ ਦੁਪਹਿਰ 12 ਵਜੇ ਪਹਿਲੀ ਵਾਰ ਮੁਲਤਵੀ ਹੋਣ ਤੋਂ ਬਾਅਦ, ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਈ ਤਾਂ ਕਾਂਗਰਸ, ਸਮਾਜਵਾਦੀ ਪਾਰਟੀ, ਡੀਐਮਕੇ ਅਤੇ ਹੋਰ ਵਿਰੋਧੀ ਮੈਂਬਰ ਨਾਅਰੇਬਾਜ਼ੀ ਕਰਦਿਆਂ, ਸਦਨ ਦੇ ਆਸਨ ਨੇੜੇ ਆ ਗਏ। ਸਭਾਪਤੀ ਨੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਆਪਣੀਆਂ ਸੀਟਾਂ 'ਤੇ ਬੈਠਣ ਅਤੇ ਸਿਫ਼ਰ ਕਾਲ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਸੰਸਦੀ ਮਾਮਲਿਆਂ ਬਾਰੇ ਕੇਂਦਰੀ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਕਿ ਸਰਕਾਰ ਚਰਚਾ ਲਈ ਤਿਆਰ ਏ।

**BYTE ; KIREN RIJIJU**

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਕਿਹਾ ਕਿ ਸਰਕਾਰ ਕਿਸੇ ਵੀ ਮੁੱਦੇ 'ਤੇ ਚਰਚਾ ਕਰਨ ਲਈ ਤਿਆਰ ਏ। ਪਰ ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਨਾਅਰੇਬਾਜ਼ੀ ਜਾਰੀ ਰੱਖਣ ਕਾਰਨ, ਸਦਨ ਨੂੰ ਬਾਅਦ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ। ਇਸ ਤੋਂ ਪਹਿਲਾਂ, ਲੋਕ ਸਭਾ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਅਤੇ ਏਅਰ ਇੰਡੀਆ AI-171 ਜਹਾਜ਼ ਹਾਦਸੇ ਵਿੱਚ, ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ। ਸਦਨ ਨੇ ਵੱਖ-ਵੱਖ ਰਾਜਾਂ ਵਿੱਚ ਕੁਦਰਤੀ ਆਫ਼ਤਾਂ ਵਿੱਚ ਹੋਏ ਜਾਨੀ ਅਤੇ ਮਾਲੀ ਨੁਕਸਾਨ 'ਤੇ ਵੀ ਦੁੱਖ ਪ੍ਰਗਟ ਕੀਤਾ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਭਾਰਤੀ ਪੁਲਾੜ ਖੋਜ ਸੰਗਠਨ ਅਤੇ ਗਰੁੱਪ ਕੈਪਟਨ ਸੁਭਾਂਸ਼ੂ ਸ਼ੁਕਲਾ ਨੂੰ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਦੀ ਸਫਲ ਯਾਤਰਾ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਦਨ ਵਿੱਚ, ਇਸ ਪ੍ਰਾਪਤੀ 'ਤੇ ਵਿਸਥਾਰਪੂਰਵਕ ਚਰਚਾ ਹੋਵੇਗੀ।

---------------------------------------------------------------

ਪ੍ਰੋਫੈਸਰ ਅਸੀਮ ਕੁਮਾਰ ਘੋਸ਼ ਨੇ ਅੱਜ ਹਰਿਆਣਾ ਦੇ 19ਵੇਂ ਰਾਜਪਾਲ

ਵਜੋਂ ਸਹੁੰ ਚੁੱਕੀ। ਉਹ ਬੰਡਾਰੂ ਦੱਤਾਤ੍ਰੇਅ ਦੀ ਥਾਂ ਲੈਣਗੇ। ਉੱਘੇ ਸਿੱਖਿਆ ਸ਼ਾਸਤਰੀ, ਸ਼੍ਰੀ ਘੋਸ਼ ਨੂੰ ਚੰਡੀਗੜ੍ਹ ਵਿੱਚ, ਹਰਿਆਣਾ ਰਾਜ ਭਵਨ 'ਚ ਕਰਾਏ ਇੱਕ ਸਮਾਰੋਹ ਵਿੱਚ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਸ਼ੀਲ ਨਾਗੂ ਨੇ ਅਹੁਦੇ ਦੀ ਸਹੁੰ ਚੁਕਾਈ। ਇਸ ਮੌਕੇ, ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਹਰਿਆਣਾ ਬੀਜੇਪੀ ਦੇ ਪ੍ਰਧਾਨ ਮੋਹਨ ਲਾਲ ਬਡੋਲੀ ਹਾਜ਼ਰ ਸਨ। ਰਾਜਨੀਤਿਕ ਵਿਗਿਆਨੀ ਅਤੇ ਕੋਲਕਾਤਾ ਦੇ ਸ਼੍ਰੀ ਸ਼ਿਕਸ਼ਾਯਤਨ ਕਾਲਜ 'ਚ ਸਾਬਕਾ ਪ੍ਰੋਫੈਸਰ, ਅਸੀਮ ਕੁਮਾਰ ਘੋਸ਼ ਨੂੰ ਲੰਮੇ ਸਮੇਂ ਤੋਂ ਬੀਜੇਪੀ 'ਚ ਇੱਕ ਬੁੱਧੀਜੀਵੀ ਸ਼ਖਸੀਅਤ ਨੇ।

-----------------------------------------------------

ਕੈਂਸਰ ਦੇ ਮਰੀਜ਼ਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਅਤੇ ਮੁਫ਼ਤ ਕੀਮੋਥੈਰੇਪੀ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਪੰਜਾਬ ਦੇ ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਜਲੰਧਰ ਦੇ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਵਿਖੇ ਡੇ ਕੇਅਰ ਕੈਂਸਰ

ਕੀਮੋਥੈਰੇਪੀ ਸੈਂਟਰ ਦੀ ਸ਼ੁਰੂਆਤ ਕੀਤੀ । ਕੈਬਨਿਟ ਮੰਤਰੀ ਨੇ ਕਿਹਾ ਕਿ  ਇਸ ਸਹੂਲਤ ਦੇ ਸ਼ੁਰੂ ਹੋਣ ਨਾਲ ਕੈਂਸਰ ਦੇ ਮਰੀਜ਼ਾਂ ਨੂੰ ਬਹੁਤ ਫਾਇਦਾ ਹੋਵੇਗਾ, ਜਿਨ੍ਹਾਂ ਨੂੰ ਪਹਿਲਾਂ ਇਲਾਜ ਲਈ ਚੰਡੀਗੜ੍ਹ ਅਤੇ ਅੰਮ੍ਰਿਤਸਰ ਜਾਣਾ ਪੈਂਦਾ ਸੀ।  ਕੈਂਸਰ ਦੇ ਮਰੀਜ਼ਾਂ ਦੀਆਂ ਸਿਹਤ ਦੇ ਨਾਲ-ਨਾਲ ਵਿੱਤੀ ਮੁਸ਼ਕਲਾਂ ਵੀ ਘੱਟਣਗੀਆਂ।  ਸ਼੍ਰੀ ਭਗਤ ਨੇ ਦੱਸਿਆ ਕਿ 8 ਬਿਸਤਰਿਆਂ ਵਾਲੇ ਇਸ ਡੇ ਕੇਅਰ ਕੈਂਸਰ ਕੀਮੋਥੈਰੇਪੀ ਸੈਂਟਰ ਵਿੱਚ ਦਵਾਈਆਂ, ਆਕਸੀਜ਼ਨ ਸਮੇਤ ਸਮੁੱਚੀਆਂ ਲੋੜੀਂਦੀਆਂ ਸਹੂਲਤਾਂ ਮੌਜੂਦ ਹਨ ਅਤੇ ਕੈਂਸਰ ਦੇ ਮਰੀਜ਼ ਹੁਣ ਓਨਕੋਲੋਜੀ ਮਾਹਰ ਡਾਕਟਰ ਦੀ ਨਿਗਰਾਨੀ ਹੇਠ ਸਿਵਲ ਹਸਪਤਾਲ ਵਿਖੇ ਕੀਮੋਥੈਰੇਪੀ ਦੀ ਸਹੂਲਤ ਮੁਫ਼ਤ ਪ੍ਰਾਪਤ ਕਰ ਸਕਦੇ ਨੇ । ਉਨ੍ਹਾਂ ਨੇ ਸੈਂਟਰ ਵਿੱਚ ਦਾਖ਼ਲ ਮਰੀਜ਼ਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਦਾ ਹਾਲ-ਚਾਲ ਜਾਣਿਆ।  ਜ਼ਿਕਰਯੋਗ ਏ ਕਿ ਸਿਵਲ ਹਸਪਤਾਲ ਜਲੰਧਰ ਬਠਿੰਡਾ ਤੋਂ ਬਾਅਦ ਡੇ ਕੇਅਰ ਕੈਂਸਰ ਕੀਮੋਥੈਰੇਪੀ ਸੈਂਟਰ ਵਾਲਾ ਪੰਜਾਬ ਦਾ ਦੂਜਾ ਜ਼ਿਲ੍ਹਾ ਹਸਪਤਾਲ ਬਣ ਗਿਆ ਏ । ਇਸ ਪਹਿਲਾਂ ਸ਼੍ਰੀ ਭਗਤ ਨੇ ਸਿਵਲ ਹਸਪਤਾਲ ਵਿਖੇ ਰੋਗੀ ਕਲਿਆਣ ਸਮਿਤੀ ਦੀ ਤਿਮਾਹੀ ਮੀਟਿੰਗ ਦੀ

ਪ੍ਰਧਾਨਗੀ ਕਰਦਿਆਂ ਸਿਹਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਿਵਲ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾਣ। ਮੀਟਿੰਗ ਦੌਰਾਨ ਸਿਵਲ ਹਸਪਤਾਲ ਦੀ ਸੀਵਰੇਜ ਪਾਈਪ ਲਾਈਨ, ਬਾਥਰੂਮ ਠੀਕ ਕਰਵਾਉਣ, ਸੁਰੱਖਿਆ ਗਾਰਡ ਵਧਾਉਣ, ਸਫਾਈ ਕੰਮਾਂ ’ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

---------------------------------------------------------

ਕਰਮਚਾਰੀ ਭਵਿੱਖ ਨਿਧੀ ਸੰਗਠਨ-EPFO ਨਾਲ ਇਸ ਸਾਲ ਮਈ ਵਿੱਚ 20 ਲੱਖ 6 ਹਜ਼ਾਰ ਮੈਂਬਰ ਜੁੜੇ ਨੇ । ਇਹ ਅਪ੍ਰੈਲ 2018 ਵਿੱਚ ਪੇਰੋਲ ਡੇਟਾ ਟਰੈਕਿੰਗ ਸ਼ੁਰੂ ਹੋਣ ਤੋਂ ਬਾਅਦ ਹੁਣ ਤੱਕ ਦਾ ਸਭ ਤੋਂ ਵੱਧ ਵਾਧਾ ਹੈ। ਕਿਰਤ ਅਤੇ ਰੁਜ਼ਗਾਰ ਮੰਤਰਾਲੇ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਨਵੇਂ ਮੈਂਬਰਾਂ ਵਿੱਚ 2 ਲੱਖ 62 ਹਜ਼ਾਰ ਔਰਤਾਂ ਅਤੇ 18 ਤੋਂ 25 ਸਾਲ ਦੀ ਉਮਰ ਵਰਗ ਦੇ 5 ਲੱਖ 60 ਹਜ਼ਾਰ ਮੈਂਬਰ ਸ਼ਾਮਲ ਨੇ । ਇਹ ਅਪ੍ਰੈਲ 2025 ਦੇ ਮੁਕਾਬਲੇ 4.79 ਫੀਸਦੀ ਦਾ ਵਾਧਾ ਦਰਸਾਉਂਦਾ ਏ । ਕਿਰਤ ਅਤੇ ਰੁਜ਼ਗਾਰ ਮੰਤਰੀ ਡਾ. ਮਨਸੁਖ

ਮੰਡਾਵੀਆ ਨੇ ਇਸਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਪ੍ਰਾਪਤੀ ਦੇਸ਼ ਦੇ ਰਸਮੀ ਰੁਜ਼ਗਾਰ ਦ੍ਰਿਸ਼ ਦੀ ਵਧਦੀ ਤਾਕਤ ਦਾ ਸਬੂਤ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਕਾਰੋਬਾਰ ਕਰਨ ਵਿੱਚ ਆਸਾਨੀ ਅਤੇ ਆਰਥਿਕ ਸਸ਼ਕਤੀਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਠੋਸ ਨਤੀਜੇ ਦੇ ਰਹੀ ਏ।

-----------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਭੀਖ ਮੁਕਤ ਬਣਾਉਣ ਲਈ ਜੰਗੀ ਪੱਧਰ ‘ਤੇ ਅਭਿਆਨ ਚਲਾਇਆ ਜਾ ਰਿਹਾ ਏ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪ੍ਰਾਜੈਕਟ ਜੀਵਨਜੋਤ ਦੇ ਤਹਿਤ ਬਲਾਕ ਮਲੋਟ ‘ਚੋਂ ਭੀਖ ਮੰਗਦੇ ਕੁੱਲ 7 ਬੱਚਿਆਂ ਨੂੰ ਬਚਾਇਆ ਗਿਆ ਏ। ਡਾ. ਬਲਜੀਤ ਕੌਰ ਵੱਲੋਂ ਬੱਚਿਆਂ ਦੇ ਮਾਪਿਆਂ ਨਾਲ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਨੂੰ ਬੱਚਿਆਂ ਨੂੰ ਸਕੂਲ ਵਿੱਚ ਪੜ੍ਹਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਉਹਨਾਂ ਦੇ ਬੱਚੇ ਪੜ੍ਹ ਲਿਖ ਕੇ ਉੱਚੇ ਅਹੁਦਿਆਂ ਤੇ ਪੁਹੰਚ ਸਕਣ ਅਤੇ ਦੇਸ਼ ਦੇ ਚੰਗੇ ਨਾਗਰਿਕ ਬਣ ਸਕਣ। ਉਹਨਾਂ ਨੂੰ ਅਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖ਼ਲ ਕਰਵਾਉਣ ਲਈ ਕਿਹਾ ਗਿਆ

ਅਤੇ ਇਸ ਦੇ ਨਾਲ ਹੀ ਉਹਨਾਂ ਨੂੰ ਕਿਹਾ ਕਿ ਜੇਕਰ ਬੱਚੇ ਭੀਖ ਮੰਗਦੇ ਪਾਏ ਗਏ ਤਾਂ ਉਹਨਾਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਇਹ ਵੀ ਦੱਸਿਆ ਕਿ ਜੇਕਰ ਕਿਸੇ ਬੱਚੇ ਦੇ ਮਾਤਾ-ਪਿਤਾ ਨਾ ਹੋਣ ਬਾਰੇ ਸ਼ੱਕ ਹੋਇਆ ਤਾਂ ਬਾਲ ਭਲਾਈ ਕਮੇਟੀ ਵਲੋਂ ਡਿਪਟੀ ਕਮਿਸ਼ਨਰ ਦੇ ਹੁਕਮਾਂ ਅਧੀਨ ਡੀ.ਐਨ.ਏ ਜਾਂਚ ਵੀ ਕਰਵਾਈ ਜਾ ਸਕਦੀ ਹੈ ਤਾਂ ਜੋ ਬੱਚਿਆਂ ਦੀ ਹਕੀਕਤੀ ਪਛਾਣ ਦੀ ਪਤਾ ਲੱਗ ਸਕੇ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਦੀ ਜ਼ਿਲ੍ਹਾ ਬਾਲ ਸੁਰੱਖਿਆ ਟੀਮ ਵਲੋਂ ਮਲੋਟ ਦੇ ਬੱਸ ਅੱਡਾ, ਰੇਲਵੇ ਸਟੇਸ਼ਨ ਅਤੇ ਹੋਰ ਵੱਖ- ਵੱਖ ਥਾਂਵਾ ਤੇ ਵਿਸ਼ੇਸ਼ ਛਾਪੇਮਾਰੀ ਕਰਕੇ ਇਨ੍ਹਾਂ ਬੱਚਿਆਂ ਨੂੰ ਬਚਾਇਆ ਗਿਆ। ਡਾ. ਬਲਜੀਤ ਕੌਰ ਵੱਲੋ ਆਮ ਲੋਕਾਂ ਅਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਕਿਸੇ ਵੀ ਛੋਟੇ ਬੱਚਿਆਂ ਨੂੰ ਭੀਖ ਨਾ ਦੇਣ ਅਤੇ ਜੇਕਰ ਕੋਈ ਬੱਚੇ ਨੂੰ ਭੀਖ ਮੰਗਦੇ ਦੇਖਦਾ ਏ ਤਾਂ ਉਹਨਾਂ ਵੱਲੋ ਇਸ ਸਬੰਧੀ ਜਾਣਕਾਰੀ 1098 ਤੇ ਦਿੱਤੀ ਜਾਵੇ । ਓਧਰ ਜ਼ਿਲ੍ਹਾ ਬਾਲ ਭਿੱਖਿਆ ਰੋਕੂ ਜ਼ਿਲ੍ਹਾ ਕਾਰਜ ਬਲ ਵੱਲੋਂ ਅੱਜ ਗੜ੍ਹਸ਼ੰਕਰ ਵਿਖੇ ਬਾਲ ਭਿੱਖਿਆ ਰੋਕੂ ਛਾਪਾ ਮਾਰਿਆ ਗਿਆ ।

ਇਸ ਦੌਰਾਨ ਬੰਗਾ ਰੋਡ , ਚੰਡੀਗੜ੍ਹ ਰੋਡ, ਨੰਗਲ ਰੋਡ, ਨੂਰਪੁਰ ਬੇਦੀ ਰੋਡ ਅਤੇ ਬੱਸ ਸਟੈਂਡ ਗੜ੍ਹਸ਼ੰਕਰ, ਤਹਿਸੀਲ ਕੰਪਲੈਕਸ  ਤੋਂ 5 ਬੱਚੇ ਬਾਲ ਭਿੱਖਿਆ ਤੋਂ ਮੁਕਤ ਕਰਵਾਏ ਗਏ ਅਤੇ ਇਨ੍ਹਾਂ ਨੂੰ ਬਾਲ ਭਲਾਈ ਕਮੇਟੀ ਸਾਹਮਣੇ ਪੇਸ਼ ਕੀਤਾ ਗਿਆ। ਬਾਲ ਭਲਾਈ ਕਮੇਟੀ ਵੱਲੋਂ ਬੱਚਿਆਂ ਦੀ ਕਾਊਂਸਲਿੰਗ ਕੀਤੀ ਗਈ। ਇਸੇ ਤਰਾਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਏ ਕਿ ਜ਼ਿਲ੍ਹਾ ਪ੍ਰਸ਼ਾਸਨ  ਵੱਲੋਂ ਪਟਿਆਲਾ ਦੀਆਂ ਵੱਖ-ਵੱਖ ਥਾਵਾਂ 'ਤੇ ਭੀਖ ਮੰਗਦੇ 19 ਬੱਚੇ ਬਚਾਏ ਗਏ ਨੇ । ਉਨ੍ਹਾਂ ਦੱਸਿਆ ਕਿ ਬਾਲ ਭਿੱਖਿਆ ਦੀ ਭਿਆਨਕ ਸਮੱਸਿਆ ਦੇ ਖਾਤਮੇ ਲਈ  ਜ਼ਿਲ੍ਹੇ ਭਰ 'ਚ ਛਾਪਾਮਾਰੀ ਕੀਤੀ ਜਾਵੇਗੀ। ਡਾ. ਪ੍ਰੀਤੀ ਯਾਦਵ ਨੇ ਪ੍ਰਾਜੈਕਟ ਜੀਵਨਜੋਤ 2.0 ਨੂੰ ਲਾਗੂ ਕਰਨ ਸਮੇਤ ਜ਼ਿਲ੍ਹੇ ਅੰਦਰ ਬੱਚਿਆਂ ਦੀ ਤਸਕਰੀ ਨੂੰ ਰੋਕਣ ਲਈ ਭੀਖ ਮੰਗਦੇ ਫੜੇ ਗਏ ਸ਼ੱਕੀ ਬੱਚਿਆਂ ਦੇ ਡੀ.ਐਨ.ਏ. ਟੈਸਟ ਕਰਵਾਉਣ ਸਮੇਤ ਬਾਲ ਮਜ਼ਦੂਰੀ ਰੋਕਣ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ।
 ਬਠਿੰਡਾ ਸਹਿਰ ਵਿੱਚ ਵੱਧ ਰਹੀ ਬਾਲ ਭਿਖਸ਼ਾ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਕਾਰਜ ਬਲ ਵੱਲੋਂ ਸਹਿਰ ਦੇ ਵੱਖ-ਵੱਖ ਥਾਵਾਂ ਚੈਕਿੰਗ ਕੀਤੀ

ਗਈ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰਵਨੀਤ ਕੌਰ ਸਿੱਧੂ ਨੇ ਦੱਸਿਆ ਕਿ ਬਾਲ ਭਿਖਸ਼ਾ ਰੋਕਣ ਸਬੰਧੀ  ਵੱਖ ਵੱਖ ਥਾਵਾਂ ਤੇ 4 ਬੱਚਿਆ ਨੂੰ ਰੈਸਕਿਊ ਕੀਤਾ ਗਿਆ।

-------------------------------------------------------

ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਹੇਠ ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਕਾਲਾ-ਬਜਾਰੀ ਨੂੰ ਰੋਕਣ ਲਈ ਚਲਾਈ ਜਾ ਰਹੀ ਵਿਸੇਸ਼ ਮੁਹਿੰਮ ਤਹਿਤ ਅੱਜ ਸੰਯੁਕਤ ਡਾਇਰੈਕਟਰ ਖੇਤੀਬਾੜੀ ਡਾ. ਗੁਰਜੀਤ ਸਿੰਘ ਬਰਾੜ ਨੇ  ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਚ ਵੱਖ-ਵੱਖ ਖਾਦ ਵਿਕਰੇਤਾਵਾਂ ਦੀ ਅਚਨਚੇਤ ਚੈਕਿੰਗ ਕੀਤੀ । ਉਨਾਂ ਵੱਲੋਂ ਚੈਕਿੰਗ ਦੌਰਾਨ ਖਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਗਈ ਕਿ ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਕਿਸੇ ਤਰ੍ਹਾਂ ਦੀ ਕਾਲਾ-ਬਜਾਰੀ ਨਾਂ ਕੀਤੀ ਜਾਵੇ। ਉਨ੍ਹਾਂ ਖਾਦ ਵਿਕਰੇਤਾ ਨੂੰ ਹਦਾਇਤ ਕਿ ਯੂਰੀਆ ਅਤੇ ਡੀ.ਏ.ਪੀ. ਜਾਂ ਕੋਈ ਹੋਰ ਸਬਸਿਡੀ ਵਾਲੀ ਖਾਦ ਕਿਸੇ ਵੀ ਉਦਯੋਗਿਕ ਧੰਦੇ ਲਏ ਵਿਕਰੀ ਨਾਂ ਕੀਤੀ ਜਾਵੇ। ਮੁੱਖ ਖੇਤੀਬਾੜੀ ਅਫਸਰ  ਡਾ. ਕਰਨਜੀਤ ਸਿੰਘ ਗਿੱਲ, ਨੇ ਖਾਦ ਡੀਲਰਾਂ ਨੂੰ ਹਦਾਇਤ

ਕੀਤੀ ਕਿ ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਵਿਕਰੀ ਸਮੇਂ ਕਿਸਾਨਾਂ ਨੂੰ ਪੱਕਾ ਬਿੱਲ ਹੀ ਦਿੱਤਾ ਜਾਵੇ। ਕਿਸੇ ਵੀ ਕਿਸਾਨ ਨੂੰ ਖਾਦ ਨਾਲ ਕੋਈ ਵੀ ਅਣਚਾਹੀ ਵਸਤੂ ਨਾਂ ਦਿੱਤੀ ਜਾਵੇ ਅਤੇ ਖਾਦ ਵਿਕਰੀ ਪੀ.ਓ.ਐਸ. ਮਸ਼ੀਨ ਰਾਹੀ ਹੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਡੀਲਰ ਕਿਸੇ ਤਰ੍ਹਾਂ ਦੀ ਕਾਲਾ-ਬਜਾਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਖਾਦ ਕੰਟਰੋਲ ਹੁਕਮ 1985 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਅਨੁਸਾਰ ਹੀ ਖਾਦਾਂ ਦੀ ਵਰਤੋ ਕਰਨ ਅਤੇ ਕੋਈ ਵੀ ਖੇਤੀ ਵਸਤਾਂ ਪੱਕੇ ਬਿੱਲ ’ਤੇ ਹੀ ਖਰੀਦ ਕਰਨ। ਇਸ ਤੋ ਇਲਾਵਾ ਜੇਕਰ ਹੋਰ ਖੇਤੀ ਸਬੰਧੀ ਸਮੱਸਿਆ ਆਉਂਦੀ ਏ ਕਿਸਾਨ ਹੈਲਪ ਡੈਸਕ ਨੰਬਰ 98781-66287 ’ਤੇ ਸੰਪਰਕ ਕਰਨ।

---------------------------------------------------------------

ਪੰਜਾਬ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਮੇਂ-ਸਮੇਂ ਸਿਰ ਕਿਸਾਨਾਂ ਦੀ ਸਹੂਲਤ ਲਈ ਚੁੱਕੇ ਜਾਂਦੇ ਕਦਮਾਂ ਤਹਿਤ ਸ਼ਹੀਦ ਭਗਤ ਸਿੰਘ ਨਗਰ ਚੰਡੀਗੜ੍ਹ ਰੋਡ ‘ਤੇ ਸਥਿਤ ਪਲਾਈਵੁੱਡ

ਫੈਕਟਰੀ ਵਿਖੇ ਛਾਪੇਮਾਰੀ ਕੀਤੀ ਗਈ ਜਿੱਥੋਂ ਖੇਤੀਬਾੜੀ ਗਰੇਡ ਨੀਮ ਕੋਟਡ ਯੂਰੀਆ ਬਰਾਮਦ ਕੀਤਾ ਗਿਆ।ਮੁੱਖ ਖੇਤੀਬਾੜੀ ਅਫਸਰ ਰਕੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਜਿਲ੍ਹੇ ਵਿੱਚ ਵੱਖ-ਵੱਖ ਸਮੇਂ ‘ਤੇ ਚੈਕਿੰਗ ਕੀਤੀ ਜਾ ਰਹੀ ਹੈ ਜਿਸ ਤਹਿਤ ਚੰਡੀਗੜ੍ਹ ਰੋਡ ਟੰਡੋਹ ਵਿਖੇ ਗਾਂਧੀ ਪਲਾਈਵੁੱਡ ਇੰਡਸਟਰੀ ਵਿਖੇ ਛਾਪੇਮਾਰੀ ਦੌਰਾਨ 4 ਬੈਗ ਖੇਤੀਬਾੜੀ ਗਰੇਡ ਨੀਮ ਕੋਟਡ ਯੂਰੀਆ ਦੇ ਪਾਏ ਗਏ। ਉਨ੍ਹਾਂ ਦੱਸਿਆ ਕਿ ਪਲਾਈਵੁੱਡ ਫੈਕਟਰੀ ਵਿੱਚ ਵਰਤੀ ਜਾ ਰਹੀ ਖੇਤੀਬਾੜੀ ਗਰੇਡ ਨੀਮ ਕੋਟਡ ਯੂਰੀਆ ਫਰਟੀਲਾਈਜਰ ਕੰਟਰੋਲ ਆਰਡਰ 1985 ਦੀ ਉਲੰਘਣਾ ਏ । ਉਨ੍ਹਾਂ ਦੱਸਿਆ ਕਿ ਛਾਪੇਮਾਰੀ ਦੌਰਾਨ 4 ਬੈਗ ਭਰੇ ਅਤੇ 230 ਬੈਗ ਵਰਤੇ ਹੋਏ ਖਾਲੀ ਪਾਏ ਗਏ ਜਿਸ ‘ਤੇ ਥਾਣਾ ਕਾਠਗੜ ਦੀ ਪੁਲਿਸ ਨੂੰ ਸੂਚਿਤ ਕਰਕੇ ਮੌਕੇ ‘ਤੇ ਪੁਲਿਸ ਪਾਰਟੀ ਬੁਲਾਈ ਗਈ।

-----------------------------------------------------------

ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਯੁੱਧ ਨਸ਼ਿਆ ਵਿਰੁੱਧ' ਤਹਿਤ ਜਲੰਧਰ ਸੀ.ਆਈ.ਏ ਟੀਮ ਨੇ ਦੋ ਮੁਲਜ਼ਮਾਂ ਨੂੰ 1 ਕਿਲੋ ਹੈਰੋਇਨ ਸਮੇਤ 2 ਗੈਰ-ਕਾਨੂੰਨੀ 32 ਬੋਰ ਦੇ

ਪਿਸਤੌਲ , 2 ਜ਼ਿੰਦਾ ਕਾਰਤੂਸਾਂ ਨਾਲ ਗ੍ਰਿਫ਼ਤਾਰ ਕੀਤਾ ਗਿਆ ਏ । ਪੁਲਿਸ ਕਮਿਸ਼ਨਰ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ 18 ਜੁਲਾਈ ਨੂੰ ਸੀ.ਆਈ.ਏ ਸਟਾਫ ਦੀ ਪੁਲਿਸ ਟੀਮ ਲਿੰਕ ਰੋਡ, ਵਿਖੇ ਇੱਕ ਨਾਕਾਬੰਦੀ ਦੌਰਾਨ, ਪੁਲਿਸ ਨੇ ਇੱਕ ਸ਼ੱਕੀ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸਦੇ ਕਬਜ਼ੇ ਵਿੱਚੋਂ 1 ਕਿਲੋਗ੍ਰਾਮ ਹੈਰੋਇਨ ਤੇ ਹੋਰ ਅਸਲ ਬਰਾਮਦ ਕੀਤਾ। ਮੁਲਜ਼ਮ ਦੀ ਪਛਾਣ ਜਲੰਧਰ ਦੇ ਵਿਨੇ ਕੁਮਾਰ ਉਰਫ਼ ਮਿੱਠੂ ਵਜੋਂ ਹੋਈ ਏ। ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ।

---------------------------------------------------------

ਓਧਰ ਰੂਪਨਗਰ ਪੁਲਿਸ ਨੇ ਆਨਲਾਈਨ ਠੱਗੀਆਂ ਕਰਨ ਵਾਲੇ ਗਿਰੋਹ ਦਾ ਪਰਦਾਫ਼ਾਸ਼ ਕਰਦਿਆਂ 1 ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਏ ਤੇ ਇਸ ਗਿਰੋਹ ਦੇ ਬਾਕੀ ਮੈਂਬਰਾਂ ਦੀ ਭਾਲ ਵੀ ਜਾਰੀ ਏ । ਡੀ.ਐਸ.ਪੀ ਜਸ਼ਨਪ੍ਰੀਤ ਸਿੰਘ ਮਾਨ ਨੇ ਦੱਸਿਆ ਕਿ ਹੇਮ ਰਾਜ ਨਾ ਦੇ ਵਿਅਕਤੀ ਨੇ ਦਰਜ ਕਰਵਾਈ ਸ਼ਿਕਾਇਤ ਸੀ ਕਿ ਉਸ ਦੇ ਨਾਲ ਆਨਲਾਈਨ ਇਨਵੈਸਟਮੈਂਟ ਦੇ ਨਾਮ ਤੇ ਮਾਇੰਡ ਸਟੇ ਅਸੇਸਟਸ

ਮੈਨੇਜਮੇਂਟ ਪ੍ਰਾਈਵੇਟ ਲਿਮਟਿਡ ਕੰਪਨੀ ਵਲੋਂ 20 ਲੱਖ ਰੁਪਏ ਦੀ ਆਨਲਾਈਨ ਠੱਗੀ ਹੋਈ ਏ। ਉਨ੍ਹਾਂ ਦੱਸਿਆ ਕਿ ਪ੍ਰਾਈਵੇਟ ਲਿਮਟਿਡ ਕੰਪਨੀ ਖਿਲਾਫ ਮੁਕਦਮਾ ਦਰਕ ਕਰਕੇ, ਕਰਨਾਟਕਾ ਅਤੇ ਮਹਾਂਰਾਸਟਰ ਦੇ ਬਾਰਡਰ ਦੀ ਹੱਦ ਤੇ ਮੁਲਜ਼ਮ ਭਗਾਨਾ ਮਹਾਦਿਓ ਉਰਫ ਕ੍ਰਿਸ਼ਨਾ ਫੁਲਾਰੀ ਨੂੰ ਕਾਬੂ ਕੀਤਾ ਗਿਆ। ਮੁਲਜ਼ਮ ਦੇਸ਼ ਦੇ ਕਈ ਰਾਜਾਂ ਵਿਚ ਜਾਅਲੀ ਬੈਂਕ ਗਰੰਟੀਆਂ ਭੇਜ ਕੇ ਆਨਲਾਈਨ ਇਨਵੈਸਟਮੈਂਟ ਦੇ ਨਾਮ ਤੇ ਵੱਖ-ਵੱਖ ਵਿਅਕਤੀਆਂ ਨਾਲ ਕਰੋੜਾਂ ਰੁਪਏ ਦੀਆਂ ਸਾਈਬਰ ਠੱਗੀਆਂ ਮਾਰੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਗਿਰੋਹ ਦੇ ਬਾਕੀ ਮੈਂਬਰਾਂ ਦੀ ਤਕਨੀਕੀ ਸਰੋਤਾਂ ਰਾਹੀਂ ਭਾਲ ਕੀਤੀ ਜਾ ਰਹੀ ਏ ਤੇ ਉਨ੍ਹਾਂ ਨੂੰ ਜਲਦ ਗ੍ਰਿਫਤਾਰ ਕਰ ਲਿਆ ਜਾਵੇਗਾ।

---------------------------------------------------------

ਮੌਸਮ ਵਿਭਾਗ ਨੇ ਅਗਲੇ ਦੋ-ਤਿੰਨ ਦਿਨਾਂ ਵਿੱਚ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਵਿੱਚ ਕਈ ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ। ਅੱਜ ਜਲੰਧਰ ਸਮੇਤ ਹੋਰਨਾਂ ਕਈ ਥਾਵਾਂ ਤੇ ਹਲਕੀ ਵਰਖਾ ਹੋਈ।

-----------------------------------------------------------

ਪਠਾਨਕੋਟ ਅਤੇ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਦੇ ਪਹਾੜਾਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਮੌਸਮ ਅਚਾਨਕ ਤਬਦੀਲੀ ਆਈ ਏ । ਪਠਾਨਕੋਟ ਤੋਂ ਸਾਡੇ ਪਤਰਕਾਰ ਨੇ ਦਸਿਆ ਕਿ ਸ਼ਹਿਰ ਨਾਲ ਲਗਦੇ ਚੱਕੀ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਨਾਲ ਪਠਾਨਕੋਟ ਹਵਾਈ ਅੱਡੇ ਨੂੰ ਜਾਣ ਵਾਲੀ ਸੜਕ ਵਹਿ ਗਈ । ਇਸ ਦੇ ਨਾਲ ਹੀ ਦਰਿਆ 'ਤੇ ਬਣੇ ਰੇਲਵੇ ਪੁਲ ਦੀ ਸੁਰੱਖਿਆ ਲਈ ਬਣਾਈ ਗਈ ਰਿਟੇਨਿੰਗ ਵਾਲ ਦਾ ਇੱਕ ਹਿੱਸਾ ਵੀ ਨੁਕਸਾਨਿਆ ਗਿਆ ਏ । ਹਵਾਈ ਅੱਡੇ ਦੀ ਸੜਕ ਦੇ ਧੱਸ ਜਾਣ ਕਾਰਨ ਇੱਕ ਦਰਜਨ ਤੋਂ ਵੱਧ ਪਿੰਡਾਂ ਦਾ ਪਠਾਨਕੋਟ ਨਾਲ ਸੰਪਰਕ ਟੁੱਟ ਗਿਆ ਏ । ਪਿੰਡ ਵਾਸੀਆਂ ਦਾ ਕਹਿਣਾ ਏ ਕਿ ਹਰ ਸਾਲ ਵਾਂਗ ਦਰਿਆ ਵਿੱਚ ਪਾਣੀ ਆਉਣ ਕਾਰਨ ਕੱਚਾ ਰਸਤਾ ਰੁੜ੍ਹ ਗਿਆ ਏ, ਜਿਸ ਕਰਨ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ ।

**BYTE**:

-----------------------------------------------------------

## ਆਖਿਰ ਵਿਚ ਖ਼ਾਸ ਖ਼ਬਰਾਂ

- ਸੰਸਦ ਦੇ ਦੋਵੇਂ ਸਦਨਾਂ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕੀਤੀ ਗਈ।
- ਪ੍ਰੋਫੈਸਰ ਅਸੀਮ ਕੁਮਾਰ ਘੋਸ਼ ਨੇ ਅੱਜ ਹਰਿਆਣਾ ਦੇ 19ਵੇਂ ਰਾਜਪਾਲ ਵਜੋਂ ਸਹੁੰ ਚੁੱਕੀ।
- ਕੈਬਨਿਟ ਮੰਤਰੀ ਮੋਹਿੰਦਰ ਭਗਤ ਵੱਲੋਂ ਜਲੰਧਰ ਦੇ ਸ਼ਹੀਦ ਬਾਬੂ ਲਾਭ ਸਿੰਘ ਸਿਵਲ ਹਸਪਤਾਲ ਵਿਖੇ ਡੇ ਕੇਅਰ ਕੈਂਸਰ ਕੀਮੋਥੈਰੇਪੀ ਸੈਂਟਰ ਦੀ ਸ਼ੁਰੂਆਤ।
- ਪੰਜਾਬ ਨੂੰ ਭੀਖ ਮੁਕਤ ਬਣਾਉਣ ਲਈ ਪ੍ਰਾਜੈਕਟ ਜੀਵਨਜੋਤ ਤਹਿਤ ਵੱਖ-ਵੱਖ ਜ਼ਿਲਿਆਂ ਵਿਚ ਬੱਚਿਆਂ ਨੂੰ ਬਾਲ ਭਿੱਖਿਆ ਤੋਂ ਮੁਕਤ ਕਰਾਉਣ ਦਾ ਸਿਲਸਿਲਾ ਜਾਰੀ।
- ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਕਾਲਾ-ਬਜਾਰੀ ਨੂੰ ਰੋਕਣ ਲਈ ਖੇਤੀਬਾੜੀ ਸੰਯੁਕਤ ਡਾਇਰੈਕਟਰ ਡਾ. ਗੁਰਜੀਤ ਸਿੰਘ ਬਰਾੜ ਵੱਲੋ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਚ ਖਾਦ ਵਿਕਰੇਤਾਵਾਂ ਦੀ ਅਚਨਚੇਤ ਚੈਕਿੰਗ।

- ਮੌਸਮ ਵਿਭਾਗ ਵਲੋਂ ਅਗਲੇ ਦੋ ਤੋਂ ਤਿੰਨ ਦਿਨਾਂ ਵਿੱਚ, ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ- ਜਲੰਧਰ ਸਮੇਤ ਕੁਝ ਜ਼ਿਲਿਆਂ 'ਚ ਹਲਕੀ ਵਰਖਾ ਹੋਈ ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**